# ਵਰਲਡ ਪੰਜਾਬੀ ਟਾਈਮਜ਼
# WORLD PUNJABI TIMES
A Punjabi News Protal & Epaper From Winnipeg, Canada
Visit us at : www.worldpunjabitimes.com
Mob: 7973333573, +1 (418) 887-0162

Epaper World Punjabi Times | 26 ਅਪ੍ਰੈਲ 2024 ਦਿਨ ਸ਼ੁੱਕਰਵਾਰ | ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਨਵੀਆਂ ਕਲਮਾਂ ਨਵੀਂ ਉਡਾਣ ਪ੍ਰੋਜੈਕਟ ਬਾਰੇ ਪੰਜਾਬ ਭਵਨ ਸਰੀ ਕਨੇਡਾ ਅਤੇ ਯੂਰਪੀ ਪੰਜਾਬੀ ਲੇਖਕਾਂ ਦੀ ਹੋਈ ਸਾਂਝੀ ਮੀਟਿੰਗ।

ਵਰਲਡ ਪੰਜਾਬੀ ਟਾਈਮਜ਼




ਇਟਲੀ 26 ਅਪ੍ਰੈਲ : ਪੰਜਾਬ ਭਵਨ ਸਰੀ ਕਨੇਡਾ ਅਤੇ ਯੂਰਪੀ ਪੰਜਾਬੀ ਲੇਖਕਾਂ ਵਿਚਕਾਰ ਸਾਂਝੀ ਮੀਟਿੰਗ ਨਵੀਆਂ ਕਲਮਾਂ ਨਵੀਂ ਉਡਾਣ ਪ੍ਰੋਜੈਕਟ ਦੇ ਸਬੰਧ ਵਿੱਚ ਜ਼ੂਮ ਐਪ ਉੱਤੇ ਹੋਈ। ਮੀਟਿੰਗ ਦੀ ਸ਼ੁਰੂਆਤ ਇਟਲੀ ਵਸਦੇ ਪੰਜਾਬੀ ਲੇਖਕ ਦਲਜਿੰਦਰ ਰਹਿਲ ਵਲੋਂ ਅੱਜ ਦੀ ਇਕੱਤਰਤਾ ਦਾ ਮਕਸਦ ਅਤੇ ਪੰਜਾਬ ਭਵਨ ਸਰੀ ਕਨੇਡਾ ਵਲੋਂ ਕੀਤੇ ਜਾ ਰਹੇ ਵਿਸ਼ਵ ਪੱਧਰੀ ਕਾਰਜਾਂ ਦੀ ਸਰਾਹਨਾ ਕਰਦਿਆਂ ਕੀਤੀ ਗਈ। ਉਪਰੰਤ ਬਲਵਿੰਦਰ ਸਿੰਘ ਚਾਹਲ ਯੂ ਕੇ ਵਲੋਂ ਸਾਰਿਆਂ ਨੂੰ ਜੀ ਆਇਆਂ ਆਖਦਿਆਂ ਨਵੀਆਂ ਕਲਮਾਂ ਨਵੀਂ ਉਡਾਣ ਦੇ ਸੁਚੱਜੇ ਕਾਰਜ ਲਈ ਸੁੱਖੀ ਬਾਠ ਸਮੇਤ ਪੰਜਾਬ ਭਵਨ ਦੀ ਸਮੂਹ ਟੀਮ ਨੂੰ ਇਸ ਨਿਵੇਕਲੇ ਤੇ ਸਾਰਥਿਕ ਯਤਨ ਲਈ ਵਧਾਈ ਦਿੱਤੀ। ਜ਼ਿਕਰਯੋਗ ਹੈ ਕੇ ਇਸ ਮੀਟਿੰਗ ਵਿੱਚ ਪੰਜਾਬ ਭਵਨ ਸਰੀ ਕਨੇਡਾ ਦੇ ਸਰਪ੍ਰਸਤ ਤੇ ਸੰਸਥਾਪਕ ਸੁੱਖੀ ਬਾਠ ਸਮੇਤ ਪੰਜਾਬ ਭਵਨ ਦੀ ਸੰਚਾਲਿਕਾ ਪ੍ਰੀਤ ਹੀਰ ਅਤੇ ਨਵੀਆਂ ਕਲਮਾਂ ਨਵੀਂ ਉਡਾਣ ਦੇ ਮੁੱਖ ਸੰਪਾਦਕ ਤੇ ਕਨਵੀਨਰ ਓਂਕਾਰ ਸਿੰਘ ਤੇਜੇ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਸੁੱਖੀ ਬਾਠ ਜੀ ਨੇ ਯੂਰਪੀ ਪੰਜਾਬੀ ਲੇਖਕਾਂ ਨਾਲ ਇਸ ਪ੍ਰੋਜੈਕਟ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕੇ ਪੰਜਾਬੀ ਮਾਂ ਬੋਲੀ ਨੂੰ ਸਮਰਪਿਤ ਸੌ ਪੁਸਤਕਾਂ ਦੇ ਵੱਖ ਵੱਖ ਭਾਗਾਂ ਵਿੱਚ ਵਿਸ਼ਵ ਭਰ ਵਿੱਚ ਵੱਸਦੇ ਪੰਜਾਬੀ ਬੱਚਿਆਂ ਤੇ ਨੌਜਵਾਨਾਂ ਨੂੰ ਸ਼ਾਮਿਲ ਕੀਤਾ ਜਾਵੇਗਾ। ਜਿਹਨਾਂ ਦੀ ਉਮਰ ਨੌਂ ਦਸ ਸਾਲ ਤੋਂ ਲੈ ਕੇ ਉੱਨੀ ਵੀਹ ਸਾਲ ਤੱਕ ਹੋ ਸਕਦੀ ਹੈ। ਬੱਚੇ ਆਪਣੀ ਹਾਜ਼ਰੀ ਇਨਾਂ ਪੁਸਤਕਾਂ ਵਿੱਚ ਗੀਤ , ਕਵਿਤਾ , ਮਿੰਨੀ ਕਹਾਣੀ ਜਾਂ ਸੰਖੇਪ ਨਿਬੰਧ ਲਿਖਕੇ ਲਗਵਾ ਸਕਦੇ ਹਨ। ਇਹਨਾਂ ਕਿਤਾਬਾਂ ਨੂੰ ਪੰਜਾਬ ਭਵਨ ਸਰੀ ਕਨੇਡਾ ਵਲੋਂ ਛਪਵਾ ਕੇ ਵਿਸ਼ਵ ਭਰ ਵਿੱਚ ਸਾਂਝਾ ਕੀਤਾ ਜਾਵੇਗਾ। ਇਸ ਮੀਟਿੰਗ ਵਿਚ ਜਿੱਥੇ ਪੰਜਾਬ ਭਵਨ ਜਲੰਧਰ ਦੀ ਸੰਚਾਲਕਾ ਪ੍ਰੀਤ ਹੀਰ ਨੇ ਪੰਜਾਬ ਭਵਨ ਵਲੋਂ ਕੀਤੇ ਜਾ ਰਹੇ ਮਾਂ ਬੋਲੀ ਬਾਰੇ ਸਾਂਝੇ ਕਾਰਜਾਂ ਦਾ ਜ਼ਿਕਰ ਕੀਤਾ ਓਥੇ ਓਂਕਾਰ ਸਿੰਘ ਤੇਜੇ ਦੁਆਰਾ ਨਵੀਆਂ ਕਲਮਾਂ ਨਵੀਂ ਉਡਾਣ ਪੁਸਤਕ ਤੇ ਪੰਜਾਬ ਭਰ ਵਿੱਚੋਂ ਮਿਲ ਰਹੇ ਭਰਵੇਂ ਹੁੰਗਾਰੇ ਅਤੇ ਕੰਮਾਂ ਦਾ ਵੇਰਵਾ ਵੀ ਸਾਂਝਾ ਕੀਤਾ। ਯੂਰਪੀ ਪੰਜਾਬੀ ਲੇਖਕਾਂ ਵਿੱਚ ਪ੍ਰੋ ਜਸਪਾਲ ਸਿੰਘ ਇਟਲੀ, ਲੇਖਕ ਬਿੰਦਰ ਕੋਲੀਆਂਵਾਲ ਪ੍ਰਧਾਨ ਸਾਹਿਤ ਸੁਰ ਸੰਗਮ ਸਭਾ ਇਟਲੀ, ਗੁਰਪ੍ਰੀਤ ਕੌਰ ਗੈਦੂ ਗ੍ਰੀਸ , ਗੀਤਕਾਰ ਰਾਣਾ ਅਠੌਲਾ ਇਟਲੀ , ਮੇਜਰ ਸਿੰਘ ਖੱਖ ਅਤੇ ਦਲਜਿੰਦਰ ਰਹਿਲ ਇਟਲੀ ਵੱਲੋਂ ਪੰਜਾਬ ਭਵਨ ਦੀ ਟੀਮ ਨਾਲ ਨਵੀਆਂ ਕਲਮਾਂ ਨਵੀਂ ਉਡਾਣ ਬਾਰੇ ਬਹੁਤ ਸਾਰੇ ਸਵਾਲਾਂ ਤੇ ਵਿਚਾਰ ਸਾਂਝੇ ਕਰਦਿਆਂ ਭਰੋਸਾ ਦਿਵਾਇਆ ਕੇ ਅਗਲੀ ਪੀੜ੍ਹੀ ਨੂੰ ਪੰਜਾਬੀ ਮਾਂ ਬੋਲੀ ਨਾਲ ਜੋੜਨ ਦੇ ਪੰਜਾਬ ਭਵਨ ਸਰੀ ਕਨੇਡਾ ਦੇ ਇਨਾ ਯਤਨਾਂ ਲਈ ਯੂਰਪੀ ਮੁਲਕਾਂ ਵਿੱਚੋਂ ਸਹਿਯੋਗ ਦੇਣ ਦੀ ਵੱਧ ਤੋਂ ਵੱਧ ਕੋਸ਼ਿਸ਼ ਕਰਨਗੇ।

## ਵਾਈਟ ਰੌਕ ਵਿਚ ਵਾਪਰੀਆਂ ਦੋ ਘਟਨਾਵਾਂ ਵਿਚ ਇਕ ਪੰਜਾਬੀ ਨੌਜਵਾਨ ਦੀ ਮੌਤ ਅਤੇ ਇਕ ਗੰਭੀਰ ਜ਼ਖ਼ਮੀ

ਵਰਲਡ ਪੰਜਾਬੀ ਟਾਈਮਜ਼
ਹਰਦਮ ਮਾਨ



ਸਰੀ, 26 ਅਪ੍ਰੈਲ : ਪਿਛਲੇ ਤਿੰਨ ਦਿਨਾਂ ਵਿਚ ਵਾਈਟ ਰੌਕ, ਸਰੀ ਵਿਖੇ ਵਾਪਰੀਆਂ ਦੋ ਘਟਨਾਵਾਂ ਵਿਚ ਇਕ ਪੰਜਾਬੀ ਨੋਜਵਾਨ ਦੀ ਮੌਤ ਹੋ ਗਈ ਅਤੇ ਦੂਸਰਾ ਪੰਜਾਬੀ ਨੌਜਵਾਨ ਗੰਭੀਰ ਰੂਪ ਵਿਚ ਜ਼ਖ਼ਮੀ ਹੋ ਗਿਆ। 21 ਅਪ੍ਰੈਲ ਅਤੇ 23 ਅਪ੍ਰੈਲ ਨੂੰ ਹੋਈਆਂ ਦੋਵੇਂ ਵਾਰਦਾਤਾਂ ਦਾ ਸ਼ੱਕੀ ਹਮਲਾਵਰ ਇਕ ਲੰਬਾ ਕਾਲਾ ਆਦਮੀ ਦੱਸਿਆ ਜਾਂਦਾ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ ਪਹਿਲੀ ਘਟਨਾ 21 ਅਪ੍ਰੈਲ ਐਤਵਾਰ ਦੀ ਰਾਤ ਨੂੰ ਵਾਪਰੀ ਜਦੋਂ ਇਕ ਅਣਪਛਾਤੇ ਹਮਲਾਵਰ ਵੱਲੋਂ ਕੀਤੇ ਗਏ ਹਮਲੇ ਵਿਚ ਇਕ ਨੌਜਵਾਨ ਜ਼ਖ਼ਮੀ ਹੋ ਗਿਆ ਅਤੇ ਉਹ ਗੰਭੀਰ ਹਾਲਤ ਵਿਚ ਹਸਪਤਾਲ ਵਿਚ ਦਾਖਲ ਹੈ। 23 ਅਪ੍ਰੈਲ ਮੰਗਲਵਾਰ ਦੀ ਰਾਤ ਨੂੰ ਇਕ ਅਣਪਛਾਤੇ ਹਮਲਾਵਰ ਵੱਲੋਂ ਵਾਈਟਰੌਕ ਬੀਚ ਦੇ ਇਕ ਬੈਂਚ ਉਪਰ ਬੈਠੇ ਨੌਜਵਾਨ ਉਪਰ ਚਾਕੂ ਨਾਲ ਹਮਲਾ ਕੀਤਾ ਗਿਆ। ਹਮਲਾ ਇਤਨਾ ਘਾਤਕ ਸੀ ਕਿ ਉਸ ਨੂੰ ਬਚਾਇਆ ਨਾ ਜਾ ਸਕਿਆ।



21 ਅਪ੍ਰੈਲ ਐਤਵਾਰ ਦੀ ਵਾਪਰੀ ਘਟਨਾ ਵਿਚ ਜ਼ਖ਼ਮੀ ਹੋਣ ਵਾਲੇ ਨੌਜਵਾਨ ਦੀ ਪਛਾਣ 28 ਸਾਲ ਜਤਿੰਦਰ ਸਿੰਘ ਵਜੋਂ ਦੱਸੀ ਗਈ ਹੈ। ਦੱਸਿਆ ਗਿਆ ਹੈ ਕਿ ਉਸ ਨੂੰ ਐਤਵਾਰ ਰਾਤ ਨੂੰ ਜਦੋਂ ਉਹ ਵਾਈਟ ਰੌਕ ਬੀਚ ਨੇੜੇ ਬੈਂਚ 'ਤੇ ਬੈਠਾ ਹੋਇਆ ਸੀ ਤਾਂ ਉਸ ਉਪਰ ਚਾਕੂ ਨਾਲ ਹਮਲਾ ਕੀਤਾ ਗਿਆ ਸੀ। ਉਸ ਦੇ ਦੋਸਤ ਬਿਕਰਮ ਸੰਧੂ ਦਾ ਕਹਿਣਾ ਹੈ ਕਿ ਜਤਿੰਦਰ ਸਿੰਘ ਨੂੰ ਹਸਪਤਾਲ ਤੋਂ ਛੁੱਟੀ ਮਿਲ ਗਈ ਹੈ ਪਰ ਉਸ ਦੇ ਜ਼ਖ਼ਮ ਬਹੁਤ ਗੰਭੀਰ ਹਨ, ਜਿਸ ਨੂੰ ਠੀਕ ਹੋਣ ਲਈ ਸਮਾਂ ਲੱਗੇਗਾ। ਜਤਿੰਦਰ ਸਿੰਘ ਕੋਲ ਮੈਡੀਕਲ ਕਵਰੇਜ ਨਹੀਂ ਹੈ ਅਤੇ ਉਹ ਹਸਪਤਾਲ ਦੇ ਵੱਡੇ ਬਿੱਲ ਨੂੰ ਲੈ ਕੇ ਚਿੰਤਤ ਹੈ। ਸੋਸ਼ਲ ਮੀਡੀਆ ਉਪਰ ਜਤਿੰਦਰ ਸਿੰਘ ਦੀ ਸਹਾਇਤਾ ਲਈ ਗੋਫੰਡ ਮੁਹਿੰਮ ਸ਼ੁਰੂ ਕੀਤੀ ਗਈ ਹੈ।

23 ਅਪ੍ਰੈਲ ਨੂੰ ਹਮਲੇ ਵਿਚ ਮਾਰੇ ਗਏ ਨੌਜਵਾਨ ਦੀ ਪਛਾਣ ਪੁਲਿਸ ਵੱਲੋਂ ਤਾਂ ਅਜੇ ਜਾਰੀ ਨਹੀ ਕੀਤੀ ਪਰ ਸੋਸ਼ਲ ਮੀਡੀਆ ਰਿਪੋਰਟਾਂ ਮੁਤਾਬਿਕ ਮਾਰੇ ਗਏ ਨੌਜਵਾਨ ਦੀ ਪਛਾਣ 28 ਸਾਲਾ ਕੁਲਵਿੰਦਰ ਸਿੰਘ ਸੋਹੀ ਦੱਸੀ ਗਈ ਹੈ। ਉਹ ਪਿੰਡ ਤੋਲੇਵਾਲ ਜ਼ਿਲਾ ਸੰਗਰੂਰ ਦੇ ਨਾਲ ਸਬੰਧਿਤ ਸੀ। ਪੁਲਿਸ ਅਨੁਸਾਰ 23 ਅਪ੍ਰੈਲ ਨੂੰ ਰਾਤ 9:30 ਵਜੇ ਤੋਂ ਥੋੜ੍ਹੀ ਦੇਰ ਪਹਿਲਾਂ ਮੈਰੀਨ ਡਰਾਈਵ ਦੇ 15400-ਬਲਾਕ ਵਿੱਚ ਛੁਰੇਬਾਜ਼ੀ ਕਾਰਨ ਇਕ ਵਿਅਕਤੀ ਦੇ ਜ਼ਖ਼ਮੀ ਹੋਣ ਦੀ ਸੂਚਨਾ ਪੁਲਿਸ ਨੂੰ ਮਿਲੀ ਸੀ। ਮੌਕੇ 'ਤੇ ਪੁਲਿਸ ਦੀ ਟੀਮ ਪੁੱਜੀ ਪਰ ਮੁੱਢਲੀ ਸਹਾਇਤਾ ਦੇਣ ਦੇ ਬਾਵਜੂਦ ਜ਼ਖ਼ਮੀ ਦੀ ਜਾਨ ਨਹੀ ਬਚਾਈ ਜਾ ਸਕੀ। ਪੁਲਿਸ ਨੂੰ ਸ਼ੱਕੀ ਹਮਲਾਵਰ ਦੀ ਤਲਾਸ਼ ਹੈ ਜਿਸ ਬਾਰੇ ਦੱਸਿਆ ਗਿਆ ਹੈ ਕਿ ਉਹ 5 ਫੁੱਟ 11 ਇੰਚ ਲੰਬਾ ਕਾਲਾ ਵਿਅਕਤੀ ਹੈ, ਜਿਸ ਨੇ ਟੋਪੀ ਅਤੇ ਸਲੇਟੀ ਰੰਗ ਦੀ ਹੂਡੀ ਪਾਈ ਹੋਈ ਹੈ। ਉਸ ਨੂੰ ਆਖਰੀ ਵਾਰ ਮਰੀਨ ਡਰਾਈਵ ਦੇ ਉੱਤਰ ਵੱਲ ਭੱਜਦਾ ਦੇਖਿਆ ਗਿਆ।

## ਪੰਜਾਬ-ਹਰਿਆਣਾ ਦੇ ਇੰਟਰ ਸਟੇਟ ਬਾਰਡਰਾਂ 'ਤੇ ਵਹੀਕਲਾਂ ਦੀ ਕੀਤੀ ਚੈੱਕਿੰਗ

ਵਰਲਡ ਪੰਜਾਬੀ ਟਾਈਮਜ਼
ਗੁਰਪ੍ਰੀਤ ਚਹਿਲ

ਬਠਿੰਡਾ, 26 ਅਪ੍ਰੈਲ : ਆਉਂਦੀਆਂ ਲੋਕ ਸਭਾ ਚੋਣਾਂ ਨੂੰ ਧਿਆਨ ਚ ਰੱਖਦੇ ਹੋਏ ਅਤੇ ਜ਼ਿਲ੍ਹੇ ਅੰਦਰ ਕਿਸੇ ਵੀ ਤਰਾਂ ਦੀ ਅਣਸੁਖਾਵੀਂ ਘਟਨਾ ਨਾ ਵਾਪਰੇ ਇਸ ਵਾਰ ਗੱਲ ਨੂੰ ਦੇਖਦੇਹੋਏ ਹਨ ਜ਼ਿਲ੍ਹਾ ਚੋਣ ਅਫ਼ਸਰ ਸ. ਜਸਪ੍ਰੀਤ ਸਿੰਘ ਦੇ ਦਿਸਾ-ਨਿਰਦੇਸ਼ਾ ਅਨੁਸਾਰ ਉੱਡਣ ਦਸਤੇ (ਐਫ.ਐਸ.ਟੀ.) ਟੀਮ ਤਲਵੰਡੀ ਸਾਬੋ ਵੱਲੋਂ ਪੰਜਾਬ-ਹਰਿਆਣਾ ਦੇ ਇੰਟਰ ਸਟੇਟ ਬਾਰਡਰ ਉਪਰ ਨਾਕੇ ਲਗਾ ਕੇ ਹਰ ਤਰ੍ਹਾਂ ਦੇ ਵਹੀਕਲਾਂ ਦੀ ਚੈੱਕਿੰਗ ਕੀਤੀ ਗਈ।





ਇਸ ਦੌਰਾਨ ਚੋਣਕਾਰ ਰਜਿਸਟਰੇਸ਼ਨ ਅਫਸਰ 094 ਤਲਵੰਡੀ ਸਾਬੋ ਸ. ਹਰਜਿੰਦਰ ਸਿੰਘ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਗਠਿਤ ਕੀਤੀਆਂ ਟੀਮਾਂ ਵਲੋਂ 24 ਘੰਟੇ ਲਗਾਤਾਰ ਚੈਕਿੰਗ ਕੀਤੀ ਜਾ ਰਹੀ ਹੈ ਤਾਂ ਜੋ ਕਿਸੇ ਵੀ ਤਰ੍ਹਾਂ ਦੀਆਂ ਗੈਰ ਕਾਨੂੰਨੀ ਵਸਤੂਆਂ ਨੂੰ ਜ਼ਬਤ ਕੀਤਾ ਜਾ ਸਕੇ।

ਇਸ ਮੌਕੇ ਸ. ਹਰਜਿੰਦਰ ਸਿੰਘ ਜੱਸਲ ਨੇ ਕਿਹਾ ਕਿ ਉਹ ਲੋਕਾਂ ਦਾ ਲੋਕਤੰਤਰ ਵਿੱਚ ਵਿਸ਼ਵਾਸ਼ ਬਣਾਈ ਰੱਖਣ ਦੇ ਮੱਦੇਨਜਰ ਉੱਡਣ ਦਸਤੇ ਟੀਮਾਂ ਵੱਲੋਂ ਨਿਰੰਤਰ ਉਪਰਾਲੇ ਜਾਰੀ ਰਹਿਣਗੇ।

ਇਸ ਮੌਕੇ ਐਫ.ਐਸ.ਟੀ. ਟੀਮ ਦੇ ਅਧਿਕਾਰੀ ਤੇ ਉਨ੍ਹਾਂ ਦੇ ਨੁਮਾਂਇੰਦੇ ਆਦਿ ਹਾਜਰ ਸਨ।

## ਸਤਿਕਾਰ ਕਮੇਟੀ ਕੈਨੇਡਾ ਵੱਲੋਂ ਪੰਜਾਬ ਦੇ ਕਿਸਾਨਾਂ, ਮਜ਼ਦੂਰਾਂ ਦੇ ਹੱਕ ਵਿੱਚ ਮੁਜ਼ਾਹਰਾ

ਵਰਲਡ ਪੰਜਾਬੀ ਟਾਈਮਜ਼
ਹਰਦਮ ਮਾਨ

ਸਰੀ, 26 ਅਪ੍ਰੈਲ : ਸਤਿਕਾਰ ਕਮੇਟੀ ਕਨੇਡਾ ਵੱਲੋਂ ਬੀਤੇ ਦਿਨ ਸਰੀ ਵਿਖੇ ਬੀਅਰ ਕਰੀਕ ਪਾਰਕ ਦੇ ਨਜ਼ਦੀਕ 88 ਐਵੀਨਿਊ ਅਤੇ ਕਿੰਗ ਜਾਰਜ ਸਟਰੀਟ ਦੇ ਇੰਟਰਸੈਕਸ਼ਨ 'ਤੇ ਪੰਜਾਬ ਦੇ ਕਿਸਾਨਾਂ ਅਤੇ ਮਜ਼ਦੂਰਾਂ ਦੇ ਸੰਘਰਸ਼ ਦੀ ਹਮਾਇਤ ਕਰਦਿਆਂ ਮੁਜ਼ਾਹਰਾ ਕੀਤਾ ਅਤੇ ਭਾਰਤ ਸਰਕਾਰ ਦੀ ਨਿਖੇਧੀ ਕਰਦਿਆਂ ਕਿਸਾਨਾਂ ਦੀਆਂ ਮੰਗਾਂ ਤੁਰੰਤ ਮੰਨਣ ਦੀ ਅਪੀਲ ਕੀਤੀ।



ਸਤਿਕਾਰ ਕਮੇਟੀ ਦੇ ਮੁੱਖ ਬੁਲਾਰੇ ਕੁਲਦੀਪ ਸਿੰਘ ਸੇਖੋ ਨੇ ਇਸ ਮੌਕੇ ਸੰਬਧਨ ਕਰਦਿਆਂ ਕਿਹਾ ਕਿ ਜਗਜੀਤ ਸਿੰਘ ਡੱਲੇਵਾਲ ਦੀ ਕਿਸਾਨ ਜਥੇਬੰਦੀ ਅਤੇ ਮਜ਼ਦੂਰ ਜਥੇਬੰਦੀਆਂ ਸ਼ੰਭੂ ਘਨੌਰੀ ਬਾਰਡਰ 'ਤੇ ਧਰਨੇ ਉਪਰ ਬੈਠੀਆਂ ਹੋਈਆਂ ਹਨ ਪਰ ਸਰਕਾਰ ਕਿਸਾਨਾਂ ਦੀ ਗੱਲ ਸੁਣਨ ਬਜਾਏ ਉਹਨਾਂ ਨੂੰ ਜ਼ਲੀਲ ਕਰ ਰਹੀ ਹੈ ਅਤੇ ਡਾਂਗਾਂ ਸੋਟੀਆਂ ਨਾਲ ਉਹਨਾਂ 'ਤੇ ਤਸ਼ੱਦਦ ਕਰ ਰਹੀ ਹੈ। ਉਹਨਾਂ ਪੰਜਾਬ ਸਰਕਾਰ ਵੱਲੋਂ ਵੀ ਕਿਸਾਨਾਂ ਦੀ ਬਾਂਹ ਨਾ ਫੜਨ ਦੀ ਸਖਤ ਨਿੰਦਿਆ ਕੀਤੀ। ਸ. ਸੇਖੋ ਨੇ ਕਿਹਾ ਕਿ ਸਤਿਕਾਰ ਕਮੇਟੀ ਕਨੇਡਾ ਅਤੇ ਬਾਹਰ ਬੈਠੇ ਪੰਜਾਬੀ ਕਿਸਾਨਾਂ, ਮਜ਼ਦੂਰਾਂ ਦੇ ਸੰਘਰਸ਼ ਦਾ ਪੂਰੀ ਤਰ੍ਹਾਂ ਸਮਰਥਨ ਕਰਦੇ ਹਨ ਅਤੇ 2020 ਵਿਚ ਵਿਦੇਸ਼ਾਂ ਵਿਚ ਬੈਠੇ ਪੰਜਾਬੀਆਂ ਨੇ ਤਨ, ਮਨ ਅਤੇ ਧਨ ਨਾਲ ਪੰਜਾਬ ਦੇ ਕਿਸਾਨੀ ਸੰਘਰਸ਼ ਵਿਚ ਆਪਣਾ ਯੋਗਦਾਨ ਪਾਇਆ ਸੀ ਅਤੇ ਹੁਣ ਵੀ ਬਾਹਰ ਬੈਠੇ ਪੰਜਾਬੀ ਕਿਸਾਨੀ ਸੰਘਰਸ਼ ਦੇ ਨਾਲ ਖੜ੍ਹੇ ਹਨ ਅਤੇ ਉਦੋਂ ਤੱਕ ਸਾਥ ਦਿੰਦੇ ਰਹਿਣਗੇ ਜਦੋਂ ਤੱਕ ਕਿਸਾਨਾਂ ਮਜ਼ਦੂਰਾਂ ਨੂੰ ਭਾਰਤ ਸਰਕਾਰ ਵੱਲੋਂ ਇਨਸਾਫ ਨਹੀਂ ਮਿਲਦਾ।

## ਕੈਨੇਡਾ: ਵੈਨਕੂਵਰ ਵਿਚਾਰ ਮੰਚ ਵੱਲੋਂ ਸੁੱਚਾ ਸਿੰਘ ਕਲੇਰ ਨਾਲ ਵਿਸ਼ੇਸ਼ ਮਿਲਣੀ

ਵਰਲਡ ਪੰਜਾਬੀ ਟਾਈਮਜ਼
ਹਰਦਮ ਮਾਨ

ਸਰੀ, 26 ਅਪ੍ਰੈਲ : ਵੈਨਕੂਵਰ ਵਿਚਾਰ ਮੰਚ ਵੱਲੋਂ ਬੀਤੇ ਦਿਨੀਂ ਕਾਲਮ ਨਵੀਸ ਅਤੇ ਸਾਹਿਤਕਾਰ ਸੁੱਚਾ ਸਿੰਘ ਕਲੇਰ ਨਾਲ ਵਿਸ਼ੇਸ਼ ਮਿਲਣੀ ਕੀਤੀ ਗਈ। ਇਸ ਮਿਲਣੀ ਤਹਿਤ ਸੁੱਚਾ ਸਿੰਘ ਕਲੇਰ ਦੇ ਜੀਵਨ, ਕਨੇਡਾ ਵਿੱਚ ਸੈਟਲ ਹੋਣ, ਵੈਨਕੂਵਰ ਵਿੱਚ ਪੰਜਾਬੀ ਮਾਰਕੀਟ ਸਥਾਪਿਤ ਕਰਨ ਅਤੇ ਉਹਨਾਂ ਵੱਲੋਂ ਪੰਜਾਬੀ ਭਾਸ਼ਾ, ਸੱਭਿਆਚਾਰ, ਸਾਹਿਤ ਅਤੇ ਸਮਾਜ ਲਈ ਕੀਤੇ ਕੰਮਾਂ ਸਬੰਧੀ ਵਿਸ਼ੇਸ਼ ਗੱਲਬਾਤ ਹੋਈ।



ਗੱਲਬਾਤ ਦੀ ਸ਼ੁਰੂਆਤ ਕਰਦਿਆਂ ਮੋਹਨ ਗਿੱਲ ਨੇ ਸ. ਕਲੇਰ ਨਾਲ ਆਪਣੀ ਲੰਮੇਰੀ ਸਾਂਝ ਦਾ ਜ਼ਿਕਰ ਕੀਤਾ ਅਤੇ ਕਿਹਾ ਕਿ ਅਸਲ ਵਿੱਚ ਸੁੱਚਾ ਸਿੰਘ ਕਲੇਰ ਨੂੰ ਮਾਣ ਸਨਮਾਨ ਦੇਣ ਵਾਲਾ ਖ਼ੁਦ ਸਨਮਾਨਿਤ ਹੋ ਰਿਹਾ ਹੁੰਦਾ ਹੈ। ਸੁੱਚਾ ਸਿੰਘ ਕਲੇਰ ਬਹੁਤ ਹੀ ਨਿਮਰ, ਮਿਲਣਸਾਰ, ਮਦਦਗਾਰ ਅਤੇ ਭਾਈਚਾਰੇ ਦੀ ਅਜਿਹੀ ਸ਼ਖ਼ਸੀਅਤ ਹਨ ਜਿਹਨਾਂ ਵੱਲੋਂ ਪੰਜਾਬੀ ਭਾਈਚਾਰੇ ਲਈ ਵਿਸ਼ੇਸ਼ ਤੌਰ 'ਤੇ ਕੀਤੇ ਕਾਰਜ ਕਦੇ ਵੀ ਵਿਸਾਰੇ ਨਹੀਂ ਜਾ ਸਕਣਗੇ। ਨਾਵਲਕਾਰ ਜਰਨੈਲ ਸਿੰਘ ਸੇਖਾ ਨੇ ਸੁੱਚਾ ਸਿੰਘ ਕਲੇਰ ਵੱਲੋਂ ਪੰਜਾਬੀ ਬੋਲੀ, ਭਾਸ਼ਾ ਅਤੇ ਸਾਹਿਤ ਵਿੱਚ ਪਾਏ ਯੋਗਦਾਨ ਦੀ ਗੱਲਬਾਤ ਕੀਤੀ। ਉਨ੍ਹਾਂ ਕਿਹਾ ਕਿ ਇੰਡੋ-ਕੈਨੇਡੀਅਨ ਅਖਬਾਰ ਰਾਹੀਂ ਉਨ੍ਹਾਂ ਭਾਈਚਾਰੇ ਦੇ ਮਸਲਿਆਂ, ਮੁਸ਼ਕਿਲਾਂ, ਲੋੜਾਂ-ਥੋੜਾਂ ਅਤੇ ਕੀਤੇ ਜਾਣ ਵਾਲੇ ਭਾਈਚਾਰਕ ਕਾਰਜਾਂ ਨੂੰ ਉਭਾਰ ਕੇ ਭਾਈਚਾਰੇ ਨੂੰ ਚੰਗੇਰੀ ਜ਼ਿੰਦਗੀ ਜਿਉਣ ਲਈ ਪ੍ਰੇਰਿਆ।

ਅੰਗਰੇਜ਼ ਬਰਾੜ, ਸਤੀਸ਼ ਗੁਲਾਟੀ, ਅਸ਼ੋਕ ਭਾਰਗਵ, ਜਰਨੈਲ ਸਿੰਘ ਆਰਟਿਸਟ, ਹਰਦਮ ਮਾਨ, ਸੁਖਵਿੰਦਰ ਚੋਹਲਾ ਅਤੇ ਅੰਮ੍ਰਿਤ ਦੀਵਾਨਾ ਨੇ ਕਿਹਾ ਕਿ ਸੁੱਚਾ ਸਿੰਘ ਕਲੇਰ ਨੇ ਵੈਨਕੂਵਰ ਖੇਤਰ ਵਿਚ ਪੰਜਾਬੀ ਭਾਸ਼ਾ ਦੀ ਸਥਾਪਤੀ ਲਈ ਬਹੁਤ ਘਾਲਣਾ ਘਾਲੀ ਹੈ ਅਤੇ ਕੇਂਦਰੀ ਪੰਜਾਬੀ ਲੇਖਕ ਸਭਾ ਵਿਚ ਲੰਮਾਂ ਸਮਾਂ ਕਾਰਜ ਕਰਦਿਆਂ ਨਵੇਂ ਲੇਖਕਾਂ ਦੀ ਯੋਗ ਅਗਵਾਈ ਕੀਤੀ ਹੈ। ਸਮਾਜਿਕ ਖੇਤਰ ਵਿਚ ਉਨ੍ਹਾਂ ਦਾ ਬੇਹੱਦ ਯੋਗਦਾਨ ਹੈ। ਸੀਨੀਅਰ ਸਿਟੀਜ਼ਨ ਵਿਚ ਉਨ੍ਹਾਂ ਦਾ ਬਹੁਤ ਮਾਣ ਸਤਿਕਾਰ ਹੈ ਅਤੇ ਕਈ ਸੰਸਥਾਵਾਂ ਵੱਲੋਂ ਉਨ੍ਹਾਂ ਨੂੰ ਵਡੇਰੇ ਸਨਮਾਨਾਂ ਨਾਲ ਨਿਵਾਜਿਆ ਜਾ ਚੁੱਕਿਆ ਹੈ।

ਅੰਤ ਵਿਚ ਸੁੱਚਾ ਸਿੰਘ ਕਲੇਰ ਨੇ ਵੈਨਕੂਵਰ ਵਿਚਾਰ ਮੰਚ ਦੇ ਸਾਰੇ ਮੈਂਬਰਾਂ, ਅਹੁਦੇਦਾਰਾਂ ਅਤੇ ਹਾਜਰ ਸ਼ਖ਼ਸੀਅਤਾਂ ਵੱਲੋਂ ਪ੍ਰਗਟਾਏ ਮਾਣ ਸਨਮਾਨ ਲਈ ਸਭ ਦਾ ਧੰਨਵਾਦ ਕੀਤਾ।

## 'ਦਿ ਰਾਜ, ਲਾਹੌਰ ਐਂਡ ਭਾਈ ਰਾਮ ਸਿੰਘ' ਯਾਦਗਾਰੀ ਕਿਤਾਬ ਜਲਦੀ ਹੀ ਐਮਾਜ਼ੋਨ 'ਤੇ ਲਾਂਚ ਕੀਤੀ ਜਾਵੇਗੀ

ਵਰਲਡ ਪੰਜਾਬੀ ਟਾਈਮਜ਼
ਹਰਦਮ ਮਾਨ

ਸਰੀ, 26 ਅਪ੍ਰੈਲ : ਪੰਜਾਬ ਵਿੱਚ ਬਸਤੀਵਾਦੀ ਦੌਰ ਦੇ ਇੱਕ ਉੱਘੇ ਆਰਕੀਟੈਕਟ ਭਾਈ ਰਾਮ ਸਿੰਘ ਦੇ ਜੀਵਨ ਅਤੇ ਵਿਰਾਸਤ 'ਤੇ ਰੌਸ਼ਨੀ ਪਾਉਂਦੀ 'ਦਿ ਰਾਜ, ਲਾਹੌਰ ਐਂਡ ਭਾਈ ਰਾਮ ਸਿੰਘ' ਯਾਦਗਾਰੀ ਰਚਨਾ ਜਲਦੀ ਹੀ ਐਮਾਜ਼ੋਨ 'ਤੇ ਲਾਂਚ ਕੀਤੀ ਜਾਵੇਗੀ ਅਤੇ ਦੁਨੀਆ ਭਰ ਦੇ ਪਾਠਕ ਇਸ ਨੂੰ ਪੜ੍ਹਨ ਦੀ ਸਹੂਲਤ ਮਾਣ ਸਕਣਗੇ। ਇਹ ਪੁਸਤਕ ਲਹਿੰਦੇ ਪੰਜਾਬ ਦੇ ਪ੍ਰੋ. ਪਰਵੇਜ਼ ਵੰਡਲ ਅਤੇ ਪ੍ਰੋ: ਸਾਜਿਦਾ ਵੰਡਲ ਦੀ ਖੋਜ ਭਰਪੂਰ ਰਚਨਾ ਹੈ।




ਕੈਨੇਡਾ ਦੀ ਫੇਰੀ 'ਤੇ ਆਏ ਪੁਸਤਕ ਦੇ ਲੇਖਕ ਪ੍ਰੋ: ਪਰਵੇਜ਼ ਵੰਡਲ ਬੀਤੇ ਦਿਨ ਕੈਨੇਡੀਅਨ ਹਰਦਰਸ਼ਨ ਮੈਮੋਰੀਅਲ ਇੰਟਰਨੈਸ਼ਨਲ ਟਰੱਸਟ ਦੇ ਮੁਖੀ ਅਤੇ ਉੱਘੇ ਸਿੱਖ ਵਿਦਵਾਨ ਸਰਦਾਰ ਜੈਤੇਗ ਸਿੰਘ ਅਨੰਤ ਨੂੰ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਮਿਲੇ ਅਤੇ ਉਨ੍ਹਾਂ ਇਹ ਪੁਸਤਕ ਜੈਤੇਗ ਸਿੰਘ ਅਨੰਤ ਅਤੇ ਕੈਨੇਡੀਅਨ ਰਾਮਗੜ੍ਹੀਆ ਸੁਸਾਇਟੀ ਦੇ ਲੋਕ ਸੰਪਰਕ ਅਫ਼ਸਰ ਸੁਰਿੰਦਰ ਸਿੰਘ ਜੱਬਲ ਨੂੰ ਭੇਂਟ ਕੀਤੀ। ਇਸ ਮੌਕੇ ਦੋਹਾਂ ਕੈਨੇਡੀਅਨ ਸੰਸਥਾਵਾਂ ਨੇ ਕਿਤਾਬ ਦੇ ਇਤਿਹਾਸਕ ਮਹੱਤਵ ਨੂੰ ਪਛਾਣਦੇ ਹੋਏ ਉੱਤਰੀ ਅਮਰੀਕਾ ਵਿੱਚ ਇਸ ਦੇ ਸ਼ਾਨਦਾਰ ਰਿਲੀਜ਼ ਸਮਾਗਮ ਦੀ ਮੇਜ਼ਬਾਨੀ ਕਰਨ ਲਈ ਆਪਣੀ ਉਤਸੁਕਤਾ ਪ੍ਰਗਟਾਈ। ਪ੍ਰੋ. ਵੰਡਲ ਨੇ ਸਹਿਮਤੀ ਪ੍ਰਗਟ ਕਰਦਿਆਂ ਕਿਹਾ ਕਿ ਨਵੰਬਰ 2024 ਵਿੱਚ ਲਾਹੌਰ ਵਿੱਚ ਹੋਣ ਵਾਲੀ ਸਾਲਾਨਾ THAAP ਕਾਨਫਰੰਸ ਤੋਂ ਬਾਅਦ ਕਿਤਾਬ ਨੂੰ ਉੱਤਰੀ ਅਮਰੀਕਾ ਵਿੱਚ ਲਾਂਚ ਕੀਤਾ ਜਾਵੇਗਾ।

ਪ੍ਰੋ. ਵੰਡਲ ਨੇ ਦੱਸਿਆ ਕਿ 'ਦਿ ਰਾਜ, ਲਾਹੌਰ ਐਂਡ ਭਾਈ ਰਾਮ ਸਿੰਘ' ਪੁਸਤਕ ਵਿਚ ਭਾਈ ਰਾਮ ਸਿੰਘ ਦੇ ਜੀਵਨ ਅਤੇ ਕੈਰੀਅਰ ਦੀ ਡੂੰਘਾਈ ਨਾਲ ਕੀਤੀ ਖੋਜ ਅਤੇ ਅੰਗਰੇਜ਼ੀ ਰਾਜ ਦੌਰਾਨ ਉਨ੍ਹਾਂ ਦੇ ਯਾਦਗਾਰੀ ਇਮਾਰਤਸਾਜ਼ੀ ਦੇ ਯੋਗਦਾਨ, ਅੰਮ੍ਰਿਤਸਰ ਤੋਂ ਉਨ੍ਹਾਂ ਦੀ ਨਿਮਾਣੀ ਸ਼ੁਰੂਆਤ ਤੋਂ ਲੈ ਕੇ ਲਾਹੌਰ ਵਿੱਚ ਸ਼ਾਨਦਾਰ ਕੈਰੀਅਰ ਤੱਕ ਦੇ ਸਫ਼ਰ ਨੂੰ ਦਰਸਾਇਆ ਗਿਆ ਹੈ। ਮੇਓ ਸਕੂਲ ਆਫ਼ ਆਰਟਸ ਵਿੱਚ ਜੌਹਨ ਲੌਕਵੁੱਡ ਕਿਪਲਿੰਗ ਵਰਗੇ ਦਿੱਗਜਾਂ ਨਾਲ ਉਨ੍ਹਾਂ ਦੀ ਸਾਂਝ ਅਤੇ ਆਪਣੇ ਸਮੇਂ ਦੇ ਇਕ ਸ਼ਾਨਦਾਰ ਆਰਕੀਟੈਕਟ ਦੇ ਰੂਪ ਵਿੱਚ ਉਨ੍ਹਾਂ ਦੇ ਉਭਾਰ, ਭਾਈ ਰਾਮ ਸਿੰਘ ਦੇ ਚਰਿੱਤਰ, ਕਾਰਜ ਅਤੇ ਪੇਸ਼ੇਵਰ ਸਫ਼ਰ ਦੀ ਖੋਜ ਭਰਪੂਰ ਜਾਣਕਾਰੀ ਵਾਲੀ ਇਹ ਕਿਤਾਬ ਆਰਕੀਟੈਕਚਰ, ਇਤਿਹਾਸ ਅਤੇ ਪੰਜਾਬੀ ਸੱਭਿਆਚਾਰ ਦੇ ਵਿਦਿਆਰਥੀਆਂ ਲਈ ਇਕ ਅਨਮੋਲ ਖਜ਼ਾਨਾ ਹੋਣ ਦਾ ਵਾਅਦਾ ਕਰਦੀ ਹੈ।

ਪ੍ਰੋ. ਪਰਵੇਜ਼ ਵੰਡਲ ਨੇ ਇਹ ਵੀ ਖੁਲਾਸਾ ਕੀਤਾ ਕਿ THAAP ਐਮਾਜੋਨ 'ਤੇ ਕਿਤਾਬ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ ਪੂਰੀ ਲਗਨ ਨਾਲ ਕੰਮ ਕਰ ਰਿਹਾ ਹੈ, ਜਿਸ ਨਾਲ ਵਿਸ਼ਵ-ਵਿਆਪੀ ਪੰਜਾਬੀ ਭਾਈਚਾਰਾ, ਅਕਾਦਮਿਕ ਅਤੇ ਆਰਕੀਟੈਕਚਰ ਭਾਈ ਰਾਮ ਸਿੰਘ ਦੀ ਵਿਰਾਸਤ ਨੂੰ ਜਾਣਨ ਦੇ ਚਾਹਵਾਨ ਵਿਦਿਆਰਥੀਆਂ ਲਈ ਇਸ ਦੀ ਆਸਾਨ ਪਹੁੰਚ ਦੀ ਸਹੂਲਤ ਮਿਲ ਸਕੇਗੀ।